ਰਾਮਕਲੀ ਮਹਲਾ ੫ ॥ ਕੋਟਿ ਜਨਮ ਕੇ ਬਿਨਸੇ ਪਾਪ ॥ ਹਰਿ ਹਰਿ ਜਪਤ ਨਾਹੀ ਸੰਤਾਪ ॥ ਗੁਰ ਕੇ ਚਰਨ ਕਮਲ ਮਨਿ ਵਸੇ ॥ ਮਹਾ ਬਿਕਾਰ ਤਨ ਤੇ ਸਭਿ ਨਸੇ ॥ ੧॥ ਗੋਪਾਲ ਕੋ ਜਸੁ ਗਾਉ ਪ੍ਰਾਣੀ ॥ ਅਕਥ ਕਥਾ ਸਾਚੀ ਪ੍ਰਭ ਪੂਰਨ ਜੋਤੀ ਜੋਤਿ ਸਮਾਣੀ ॥੧॥ ਰਹਾਉ ॥ ਤ੍ਰਿਸਨਾ ਭੂਖ ਸਭ ਨਾਸੀ ॥ ਸੰਤ ਪ੍ਰਸਾਦਿ ਜਪਿਆ ਅਬਿਨਾਸੀ ॥ ਰੈਨਿ ਦਿਨਸੁ ਪ੍ਰਭ ਸੇਵ ਕਮਾਨੀ ॥ ਹਰਿ ਮਿਲਣੈ ਕੀ ਏਹ ਨੀਸਾਨੀ ॥੨॥ ਮਿਟੇ ਜੰਜਾਲ ਹੋਏ ਪ੍ਰਭ ਦਇਆਲ ॥ ਗੁਰ ਕਾ ਦਰਸਨੁ ਦੇਖਿ ਨਿਹਾਲ ॥ ਪਰਾ ਪੂਰਬਲਾ ਕਰਮੁ ਬਣਿ ਆਇਆ ॥ ਹਰਿ ਕੇ ਗੁਣ ਨਿਤ ਰਸਨਾ ਗਾਇਆ ॥੩॥ ਹਰਿ ਕੇ ਸੰਤ ਸਦਾ ਪਰਵਾਣੁ ॥ ਸੰਤ ਜਨਾ ਮਸਤਕਿ ਨੀਸਾਣੁ ॥ ਦਾਸ ਕੀ ਰੇਣੁ ਪਾਏ ਜੇ ਕੋਇ ॥ ਨਾਨਕ ਤਿਸ ਕੀ ਪਰਮ ਗਤਿ ਹੋਇ ॥੪॥੩੫॥੪੬॥ {ਪੰਨਾ 897}

ਪਦਅਰਥ:- ਕੋਟਿ—ਕ੍ਰੋੜ। ਜਪਤ—ਜਪਦਿਆਂ। ਸੰਤਾਪ—ਦੁੱਖ-ਕਲੇਸ਼। ਚਰਨ ਕਮਲ—ਕੌਲ-ਫੁੱਲਾਂ ਵਰਗੇ ਸੋਹਣੇ ਚਰਨ। ਮਾਨਿ—ਮਨ ਵਿਚ। ਮਹਾ ਬਿਕਾਰ—ਵੱਡੇ ਵੱਡੇ ਐਬ। ਤੇ—ਤੋਂ। ਸਭਿ—ਸਾਰੇ।1।

ਕੋ—ਦਾ। ਗਾਉ—ਗਾਇਆ ਕਰ। ਪ੍ਰਾਣੀ—ਹੇ ਪ੍ਰਾਣੀ! ਅਕਥ—ਪੂਰੇ ਤੌਰ ਤੇ ਨਾਹ ਦੱਸੀ ਜਾ ਸਕਣ ਵਾਲੀ, ਕਦੇ ਨਾਹ ਮੁੱਕ ਸਕਣ ਵਾਲੀ। ਸਾਚੀ—ਅਟੱਲ, ਸਦਾ ਟਿਕੀ ਰਹਿਣ ਵਾਲੀ। ਪੂਰਨ—ਸਰਬ-ਵਿਆਪਕ। ਜੋਤਿ—ਰੂਹ, ਜਿੰਦ। ਜੋਤੀ—ਜੋਤਿ-ਰੂਪ ਹਰੀ ਵਿਚ।1। ਰਹਾਉ।

ਤ੍ਰਿਸਨਾ—ਤ੍ਰੇਹ, ਲਾਲਚ। ਸਭ—ਸਾਰੀ। ਸੰਤ ਪ੍ਰਸਾਦਿ—ਗੁਰੂ-ਸੰਤ ਦੀ ਕਿਰਪਾ ਨਾਲ। ਰੈਨਿ—{rjin} ਰਾਤ। ਸੇਵ—ਸੇਵਾ-ਭਗਤੀ। ਨੀਸਾਨੀ—ਲੱਛਣ।2।

ਜੰਜਾਲ—ਮਾਇਆ ਦੇ ਮੋਹ ਦੇ ਬੰਧਨ। ਦੇਖਿ—ਵੇਖ ਕੇ। ਨਿਹਾਲ—ਪ੍ਰਸੰਨ, ਚੜ੍ਹਦੀ ਕਲਾ ਵਾਲੇ। ਪਰਾ ਪੂਰਬਲਾ—ਬੜੇ ਹੀ ਪੁਰਾਣੇ, ਪਹਿਲੇ ਜਨਮਾਂ ਦਾ। ਕਰਮੁ—ਕੀਤਾ ਹੋਇਆ ਕੰਮ, ਭਾਗ। ਬਣਿ ਆਇਆ—ਫੱਬ ਪਿਆ। ਰਸਨਾ—ਜੀਭ (ਨਾਲ)।3।

ਸੰਤ—ਭਗਤੀ ਕਰਨ ਵਾਲੇ। ਪਰਵਾਣੁ—ਕਬੂਲ। ਮਸਤਕਿ—ਮੱਥੇ ਉਤੇ। ਨੀਸਾਣੁ—ਨਿਸ਼ਾਨ, ਪਰਵਾਨਗੀ ਦਾ ਚਿਹਨ। ਰੇਣੁ—ਚਰਨ-ਧੂੜ {ਨੋਟ:- ਲਫ਼ਜ਼ 'ਰੇਣੁ' ਅਤੇ 'ਰੈਣਿ' ਦਾ ਫ਼ਰਕ ਚੇਤੇ-ਰੱਖਣ-ਜੋਗ ਹੈ}। ਕੋਇ—ਕੋਈ ਮਨੁੱਖ। ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਪਰਮ—ਸਭ ਤੋਂ ਉੱਚੀ। ਗਤਿ—ਆਤਮਕ ਅਵਸਥਾ।

ਅਰਥ:- ਹੇ ਪ੍ਰਾਣੀ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰ। ਜਿਹੜਾ ਮਨੁੱਖ ਸਰਬ-ਵਿਆਪਕ ਪ੍ਰਭੂ ਦੀ ਅਟੱਲ ਤੇ ਅਮੁੱਕ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦੇ, (ਪਿਛਲੇ) ਕ੍ਰੋੜਾਂ ਜਨਮਾਂ ਦੇ ਕੀਤੇ ਹੋਏ ਪਾਪ ਭੀ ਨਾਸ ਹੋ ਜਾਂਦੇ ਹਨ। ਹੇ ਪ੍ਰਾਣੀ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦੇ ਸੋਹਣੇ ਚਰਨ ਆ ਵੱਸਦੇ ਹਨ, ਉਸ ਦੇ ਸਰੀਰ ਤੋਂ ਵੱਡੇ ਵੱਡੇ ਵਿਕਾਰ (ਭੀ) ਸਾਰੇ ਨੱਸ ਜਾਂਦੇ ਹਨ।1।

ਹੇ ਪ੍ਰਾਣੀ! ਗੁਰੂ-ਸੰਤ ਦੀ ਕਿਰਪਾ ਨਾਲ ਜਿਸ ਮਨੁੱਖ ਨੇ ਨਾਸ-ਰਹਿਤ ਪ੍ਰਭੂ ਦਾ ਨਾਮ ਜਪਿਆ, ਉਸ ਦੇ ਅੰਦਰੋਂ (ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਸਭ ਨਾਸ ਹੋ ਜਾਂਦੀ ਹੈ (ਕਿਉਂਕਿ ਉਸ ਨਾਲ ਪ੍ਰਭੂ ਦਾ ਮਿਲਾਪ ਹੋ ਜਾਂਦਾ ਹੈ, ਤੇ,) ਪ੍ਰਭੂ ਦੇ ਮਿਲਾਪ ਦਾ (ਵੱਡਾ) ਲੱਛਣ ਇਹ ਹੈ ਕਿ ਉਹ ਦਿਨ ਰਾਤ (ਹਰ ਵੇਲੇ) ਪ੍ਰਭੂ ਦੀ ਸੇਵਾ-ਭਗਤੀ ਕਰਦਾ ਰਹਿੰਦਾ ਹੈ।2।

ਹੇ ਭਾਈ! ਜਿਨ੍ਹਾਂ ਉਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਹਨਾਂ ਦੇ ਮਾਇਆ ਦੇ ਮੋਹ ਦੇ ਬੰਧਨ ਟੁੱਟ ਜਾਂਦੇ ਹਨ; ਗੁਰੂ ਦਾ ਦਰਸ਼ਨ ਕਰ ਕੇ ਉਹ ਸਦਾ ਚੜ੍ਹਦੀ ਕਲਾ ਵਿਚ ਰਹਿੰਦੇ ਹਨ। ਉਹਨਾਂ ਦਾ ਪੂਰਬਲੇ ਜਨਮਾਂ ਦਾ ਕੀਤਾ ਕੰਮ ਉਹਨਾਂ ਦਾ ਸਹਾਈ ਆ ਬਣਦਾ ਹੈ (ਉਹਨਾਂ ਦੇ ਪੂਰਬਲੇ ਕੀਤੇ ਚੰਗੇ ਕੰਮਾਂ ਦੇ ਸੰਸਕਾਰ ਜਾਗ ਪੈਂਦੇ ਹਨ)। ਆਪਣੀ ਜੀਭ ਨਾਲ ਉਹ ਸਦਾ ਪ੍ਰਭੂ ਦੇ ਗੁਣ ਗਾਂਦੇ ਹਨ।3।

ਹੇ ਭਾਈ! ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ (ਪ੍ਰਭੂ ਦੀ ਹਜ਼ੂਰੀ ਵਿਚ) ਸਦਾ ਆਦਰ-ਸਤਕਾਰ ਪਾਂਦੇ ਹਨ। ਉਹਨਾਂ ਸੰਤ ਜਨਾਂ ਦੇ ਮੱਥੇ ਉਤੇ (ਨੂਰ ਚਮਕਦਾ ਹੈ, ਜੋ, ਮਾਨੋ, ਪ੍ਰਭੂ ਦਰ ਤੇ ਪ੍ਰਵਾਨਗੀ ਦਾ) ਚਿਹਨ ਹੈ। ਹੇ ਨਾਨਕ! ਇਹੋ ਜਿਹੇ ਪ੍ਰਭੂ-ਸੇਵਕ ਦੇ ਚਰਨਾਂ ਦੀ ਧੂੜ ਜੇ ਕੋਈ ਮਨੁੱਖ ਪ੍ਰਾਪਤ ਕਰ ਲਏ, ਤਾਂ ਉਸ ਦੀ ਬਹੁਤ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ।4। 34। 46।